ਫ਼ਰੀਦਕੋਟ/ ਸ੍ਰੀ ਮੁਕਤਸਰ ਸਾਹਿਬ
ਅਜੀਤ, ਬਠਿੰਡਾ
ਅਜੀਤ
ਸੋਮਵਾਰ, 20 ਅਕਤੂਬਰ 2025






ਸ੍ਰੀ ਮੁਕਤਸਰ ਸਾਹਿਬ ਵਿਖੇ ਦੀਵਾਲੀ ਮੌਕੇ ਹਾਰ, ਲੜੀਆਂ ਅਤੇ ਹੋਰ ਸਾਮਾਨ ਨਾਲ ਸਜੀਆਂ ਦੁਕਾਨਾਂ। (ਵਿਚਕਾਰ) ਸ੍ਰੀ ਮੁਕਤਸਰ ਸਾਹਿਬ ਦੇ ਰੇਲਵੇ ਰੋਡ 'ਤੇ ਮਿੱਟੀ ਦੇ ਦੀਵੇ ਅਤੇ ਹੋਰ ਸਮਾਨ ਵੇਚਦਾ ਹੋਇਆ ਦੁਕਾਨਦਾਰ। (ਸੱਜੇ) ਸ੍ਰੀ ਮੁਕਤਸਰ ਸਾਹਿਬ ਦੀ ਰੇਲਵੇ ਰੋਡ ਤੇ ਮਠਿਆਈ ਅਤੇ ਡਰਾਈ ਫਰੂਟਾਂ ਤੇ ਹੋਰ ਗਿਫਟ ਵੇਚਣ ਲਈ ਬੈਠਾ ਹੋਇਆ ਦੁਕਾਨਦਾਰ। ਤਸਵੀਰਾਂ : ਰਣਜੀਤ ਸਿੰਘ ਢਿੱਲੋਂ

# ਦੀਵਾਲੀ ਦੇ ਤਿਉਹਾਰ ਨੂੰ ਲੈ ਕੇ ਸ਼ਹਿਰ 'ਚ ਮਠਿਆਈ ਅਤੇ ਸਜਾਵਟੀ ਸਮਾਨ ਦੀਆਂ ਸਜੀਆਂ ਦੁਕਾਨਾਂ

## • ਦੀਵਾਲੀ ਦੀਆਂ ਦੋ ਤਰੀਕਾਂ ਦੇ ਭੰਬਲਭੂਸੇ ਕਾਰਨ ਸ਼ਹਿਰ 'ਚ ਰੌਣਕ ਘੱਟ ਰਹੀ • ਭੀੜੇ ਬਾਜ਼ਾਰਾਂ 'ਚ ਵੀ ਪਟਾਕਿਆਂ ਦੀਆਂ ਦੁਕਾਨਾਂ ਲਾਈਆਂ

ਸ੍ਰੀ ਮੁਕਤਸਰ ਸਾਹਿਬ, 19 ਅਕਤੂਬਰ (ਰਣਜੀਤ ਸਿੰਘ ਢਿੱਲੋਂ)-ਦੀਵਾਲੀ ਦੇ ਤਿਉਹਾਰ ਨੂੰ ਲੈ ਕੇ ਸ਼ਹਿਰ ਵਿਚ ਮਠਿਆਈਆਂ, ਸਜਾਵਟੀ ਸਮਾਨ, ਪਟਾਕਿਆਂ, ਫ਼ਲਾਂ ਸਮੇਤ ਹੋਰ ਦੁਕਾਨਾਂ ਸਜ ਗਈਆਂ। ਦੁਕਾਨਦਾਰਾਂ ਵਲੋਂ ਵੱਖ-ਵੱਖ ਤਰ੍ਹਾਂ ਦੀ ਮਠਿਆਈ ਬਣਾ ਕੇ ਦੁਕਾਨਾਂ 'ਤੇ ਸਜਾਈ ਗਈ ਹੈ ਪਰ ਦੀਵਾਲੀ ਦੇ ਤਿਉਹਾਰ ਦੀਆਂ ਦੋ ਤਰੀਕਾਂ ਕਾਰਨ ਲੋਕਾਂ ਵਿਚ ਭੰਬਲਭੂਸਾ ਬਣਿਆ ਹੋਇਆ ਹੈ। 20 ਅਕਤੂਬਰ ਨੂੰ ਦੀਵਾਲੀ ਦੀ ਛੁੱਟੀ ਹੈ ਅਤੇ ਇਸ ਦਿਨ ਵੀ ਦੀਵਾਲੀ ਮਨਾਈ ਜਾਵੇਗੀ। ਇਸ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ 21 ਅਕਤੂਬਰ ਮੱਸਿਆ ਵਾਲੇ ਦਿਨ ਬੰਦੀ ਛੋੜ ਦਿਵਸ ਅਤੇ ਦੀਵਾਲੀ ਦਾ ਤਿਉਹਾਰ ਮਨਾਇਆ ਜਾ ਰਿਹਾ ਹੈ। ਉਸ ਦਿਨ ਹੀ ਸ੍ਰੀ ਦਰਬਾਰ ਸਾਹਿਬ ਵਿਖੇ ਦੀਪਮਾਲਾ ਕੀਤੀ ਜਾਵੇਗੀ। ਇਸ ਤਰ੍ਹਾਂ ਹੀ ਪੰਡਿਤ ਜਗਦੀਸ਼ ਜੋਸ਼ੀ ਨੇ ਦੱਸਿਆ ਕਿ ਵੱਖ-ਵੱਖ ਮੰਦਰਾਂ ਵਿਚ ਵੀ ਦੀਵਾਲੀ ਦਾ ਤਿਉਹਾਰ 21 ਅਕਤੂਬਰ ਨੂੰ ਮਨਾਇਆ ਜਾਵੇਗਾ। ਜਿਸ ਤਰ੍ਹਾਂ ਦੀਵਾਲੀ ਤੋਂ ਇਕ ਦਿਨ ਪਹਿਲਾਂ ਬਾਜ਼ਾਰਾਂ ਵਿਚ ਭਾਰੀ ਰੌਣਕ ਹੁੰਦੀ ਹੈ, ਉਸ ਤਰ੍ਹਾਂ ਦੀ ਅੱਜ ਰੌਣਕ ਵੇਖਣ ਨੂੰ ਨਹੀਂ ਮਿਲੀ। ਅੱਜ ਦੁਪਹਿਰ ਸਮੇਂ ਵੱਖ-ਵੱਖ ਬਾਜ਼ਾਰਾਂ ਦਾ ਦੌਰਾ ਕੀਤਾ ਤਾਂ ਦੁਕਾਨਦਾਰਾਂ ਨੇ ਦੱਸਿਆ ਕਿ ਦਿਨ ਵੇਲੇ ਇਸ ਵਾਰ ਘੱਟ ਭੀੜ ਹੈ ਅਤੇ ਹੋ ਸਕਦਾ ਹੈ ਕਿ ਸ਼ਾਮ ਤੱਕ ਬਾਜ਼ਾਰਾਂ ਵਿਚ ਰੌਣਕ ਹੋ ਜਾਵੇ ਪਰ ਲੋਕਾਂ ਵਿਚ ਦੋ ਤਰੀਕ ਨੂੰ ਲੈ ਕੇ ਜ਼ਰੂਰ ਦੁਬਿਧਾ ਹੈ। ਅੱਜ ਐਤਵਾਰ ਛੁੱਟੀ ਦਾ ਦਿਨ ਹੋਣ ਕਰਕੇ ਵੀ ਬਾਜ਼ਾਰ 'ਤੇ ਇਸ ਦਾ ਅਸਰ ਵਿਖਾਈ ਦਿੱਤਾ ਅਤੇ ਸ਼ਹਿਰ ਵਿਚ ਘੱਟ ਰੌਣਕ ਰਹੀ। ਦੂਜੇ ਪਾਸੇ ਮਠਿਆਈ ਦੀ ਗੁਣਵੱਤਾ ਨੂੰ ਲੈ ਕੇ ਵੀ ਲੋਕ ਚੌਕਸ ਜ਼ਰੂਰ ਹੋਏ ਹਨ। ਮਿੱਟੀ ਦੇ ਦੀਵਿਆਂ ਦੀਆਂ ਫੜ੍ਹੀਆਂ ਅਤੇ ਸਟਾਲਾਂ ਵੀ ਜਗ੍ਹਾ ਜਗ੍ਹਾ ਲੱਗੀਆਂ ਹੋਈਆਂ ਹਨ। ਇਸ ਤੋਂ ਇਲਾਵਾ ਦੀਪਮਾਲਾ ਅਤੇ ਹੋਰ ਰੰਗ ਬਿਰੰਗੀਆਂ ਬਿਜਲਈ ਲੜੀਆਂ ਦੀਆਂ ਦੁਕਾਨਾਂ ਸਜੀਆਂ ਹੋਈਆਂ ਹਨ। ਜ਼ਿਲ੍ਹਾ ਪ੍ਰਸ਼ਾਸਨ ਵਲੋਂ ਵੀ ਦੀਵਾਲੀ ਦੇ ਤਿਉਹਾਰ ਨੂੰ ਲੈ ਕੇ ਚੌਕਸੀ ਵਰਤੀ ਜਾ ਰਹੀ ਹੈ। ਪੁਲਿਸ ਪ੍ਰਸ਼ਾਸਨ ਵਲੋਂ ਵੀ ਸੁਰੱਖਿਆ ਦੇ ਪ੍ਰਬੰਧ ਕੀਤੇ ਗਏ ਹਨ। ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਟਾਕਿਆਂ ਲਈ ਥਾਵਾਂ ਨਿਰਧਾਰਿਤ ਕੀਤੀਆਂ ਗਈਆਂ ਹਨ, ਪਰ ਇਸ ਦੇ ਉਲਟ ਬਾਜ਼ਾਰ ਵਿਚ ਵੀ ਕਈ ਥਾਵਾਂ 'ਤੇ ਪਟਾਕਿਆਂ ਦੀਆਂ ਦੁਕਾਨਾਂ ਲੱਗੀਆਂ ਹੋਈਆਂ ਹਨ। ਜਿਸ ਸਬੰਧੀ ਪ੍ਰਸ਼ਾਸਨ ਨੂੰ ਧਿਆਨ ਦੇਣ ਦੀ ਲੋੜ ਹੈ। ਕਿਉਂਕਿ ਤੰਗ ਬਾਜ਼ਾਰਾਂ ਵਿਚ ਕੋਈ ਵੀ ਘਟਨਾ ਵਾਪਰ ਸਕਦੀ ਹੈ। ਦੂਜੇ ਪਾਸੇ ਜ਼ਿਲ੍ਹੇ ਤੇ ਡਿਪਟੀ ਕਮਿਸ਼ਨਰ ਅਭੀਜੀਤ ਕਪਲਿਸ਼ ਨੇ ਵੀ ਦੀਵਾਲੀ ਦੇ ਤਿਉਹਾਰ ਦੀ ਲੋਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ਼ਤਿਹਾਰ ਨੂੰ ਆਪਸੀ ਮਿਲਵਰਤਨ ਤੇ ਸਾਂਝ ਨਾਲ ਅਮਨ ਸ਼ਾਂਤੀ ਨਾਲ ਮਨਾਇਆ ਜਾਵੇ। ਜ਼ਿਲ੍ਹਾ ਪੁਲਿਸ ਮੁਖੀ ਡਾ. ਅਖਿਲ ਚੌਧਰੀ ਨੇ ਲੋਕਾਂ ਨੂੰ ਤਿਉਹਾਰ ਦੀ ਵਧਾਈ ਦਿੰਦਿਆਂ ਕਿਹਾ ਕਿ ਰੋਸ਼ਨੀਆਂ ਦੇ ਇਸ ਤਿਉਹਾਰ ਨੂੰ ਪੂਰੀ ਅਮਨ ਸ਼ਾਂਤੀ ਨਾਲ ਮਨਾਇਆ ਜਾਵੇ। ਸ੍ਰੀ ਮੁਕਤਸਰ ਸਾਹਿਬ ਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਵੀ ਇਲਾਕਾ ਵਾਸੀਆਂ ਨੂੰ ਬੰਦੀ ਛੋੜ ਦਿਵਸ ਅਤੇ ਦੀਵਾਲੀ ਦੇ ਤਿਉਹਾਰ ਦੀ ਵਧਾਈ ਦਿੱਤੀ ਹੈ।



ਸ੍ਰੀ ਮੁਕਤਸਰ ਸਾਹਿਬ ਵਿਖੇ ਦੀਵਾਲੀ ਮੌਕੇ ਹਲਵਾਈ ਵਲੋਂ ਤਿਆਰ ਕੀਤੀਆਂ ਜਾ ਰਹੀਆਂ ਜਲੇਬੀਆਂ। ਤਸਵੀਰ : ਰਣਜੀਤ ਸਿੰਘ ਢਿੱਲੋਂ ਭੁੱਟੀਵਾਲਾ

# ਬੇਲਰ ਮਸ਼ੀਨਾਂ ਵਾਲਿਆਂ ਵਲੋਂ ਭਲਾਈਆਣਾ ਵਿਖੇ ਬਠਿੰਡਾ-ਮੁਕਤਸਰ ਰੋਡ 'ਤੇ ਆਵਾਜਾਈ ਠੱਪ

ਗਿੱਦੜਬਾਹਾ, 19 ਅਕਤੂਬਰ (ਪਰਮਜੀਤ ਸਿੰਘ ਥੇੜ੍ਹੀ)-ਲਿੰਕ ਰੋਡਜ਼ ਦੇ ਨਿਰਮਾਣ ਦੇ ਚੱਲਦਿਆਂ ਬੇਲਰ ਮਸ਼ੀਨ ਮਾਲਿਕਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਦੇ ਹੱਲ ਲਈ ਅੱਜ ਬੇਲਰ ਮਾਲਿਕਾਂ ਨੇ ਪਿੰਡ ਭਲਾਈਆਣਾ ਵਿਖੇ ਬਠਿੰਡਾ-ਮੁਕਤਸਰ ਰੋਡ 'ਤੇ ਸੜਕੀ ਆਵਾਜਾਈ ਠੱਪ ਕਰ ਦਿੱਤੀ ਅਤੇ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕਰਦਿਆਂ ਨਾਅਰੇਬਾਜ਼ੀ ਕੀਤੀ। ਬੇਲਰ ਮਾਲਿਕਾਂ ਦੇ ਇਸ ਪ੍ਰਦਰਸ਼ਨ ਵਿਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵਲੋਂ ਆਪਣੀ ਹਿਮਾਇਤ ਦਿੱਤੀ ਗਈ। ਇਸ ਸਬੰਧੀ ਬੇਲਰ ਮਸ਼ੀਨਾਂ ਦੇ ਮਾਲਕ ਗੁਰਵਿੰਦਰ ਸਿੰਘ, ਲਖਵਿੰਦਰ ਸਿੰਘ, ਬਸੰਤ ਸਿੰਘ ਤੇ ਜਸਵਿੰਦਰ ਸਿੰਘ ਭਲਾਈਆਣਾ ਅਤੇ ਭਾਕਿਯੂ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਜਨਰਲ ਸਕੱਤਰ ਗੁਰਭਗਤ ਸਿੰਘ ਭਲਾਈਆਣਾ ਨੇ ਦੱਸਿਆ ਕਿ ਕਿਸਾਨਾ ਵਲੋਂ ਤਿਆਰ ਕੀਤੀਆਂ ਝੋਨੇ ਦੀ ਪਰਾਲੀ ਦੀਆਂ ਗੱਠਾਂ ਨੂੰ ਪਹਿਲਾਂ ਰੁਪਾਣਾ ਵਿਖੇ ਡੰਪ ਕੀਤਾ ਜਾਂਦਾ ਸੀ ਪ੍ਰੰਤੂ ਹੁਣ ਇਹ ਡੰਪ ਕੋਟਭਾਈ ਵਿਖੇ ਬਣਾ ਦਿੱਤਾ ਗਿਆ ਹੈ। ਝੋਨੇ ਦੇ ਸੀਜਨ ਦੌਰਾਨ ਹੀ ਪ੍ਰਸ਼ਾਸਨ ਵਲੋਂ ਪਿੰਡ ਭਲਾਈਆਣਾ ਤੋਂ ਰੁਖ਼ਾਲਾ ਵਾਇਆ ਗੁਪਤਸਰ ਸਾਹਿਬ ਅਤੇ ਪਿੰਡ ਸਾਹਿਬਚੰਦ ਦੇ ਨਜ਼ਦੀਕ ਸੜਕਾਂ ਦਾ ਨਿਰਮਾਣ ਕਾਰਜ ਸ਼ੁਰੂ ਕਰ ਦਿੱਤਾ ਗਿਆ ਹੈ, ਜਿਸ ਕਾਰਨ ਗੱਠਾਂ ਲੈ ਕੇ ਜਾਣ ਵਾਲੇ ਟਰਾਲਾ ਮਾਲਿਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਨਾਲ ਉਨ੍ਹਾਂ ਦੇ ਸਮੇਂ ਅਤੇ ਪੈਸੇ ਦੀ ਬਰਬਾਦੀ ਹੋ ਰਹੀ ਹੈ। ਬੇਲਰ ਮਸ਼ੀਨ ਮਾਲਿਕਾਂ ਨੇ ਦੱਸਿਆ ਇਸ ਮਜ਼ਬੂਰੀ ਕਾਰਨ ਅੱਜ ਉਨ੍ਹਾਂ ਨੂੰ ਆਵਾਜਾਈ ਠੱਪ ਕਰਕੇ ਧਰਨਾ ਲਗਾਉਣ ਲਈ ਮਜ਼ਬੂਰ ਹੋਣਾ ਪਿਆ ਹੈ। ਉੱਧਰ ਧਰਨੇ ਵਾਲੀ ਜਗ੍ਹਾ 'ਤੇ ਪੁੱਜੇ ਥਾਣਾ ਕੋਟਭਾਈ ਦੇ ਐਸ.ਐਚ.ਓ. ਜਸਵੀਰ ਸਿੰਘ ਨੇ ਧਰਨਾ ਪ੍ਰਦਰਸ਼ਨ ਕਰ ਰਹੇ ਵਿਅਕਤੀਆਂ ਦੀ ਐਸ.ਡੀ.ਐਮ. ਗਿੱਦੜਬਾਹਾ ਜਸਪਾਲ ਸਿੰਘ ਬਰਾੜ ਨਾਲ ਫੋਨ 'ਤੇ ਗੱਲਬਾਤ ਕਰਵਾਈ ਜਿਨ੍ਹਾਂ ਝੋਨੇ ਦੇ ਸੀਜਨ ਦੌਰਾਨ ਸੜਕਾਂ ਦਾ ਕੰਮ ਇਕ ਮਹੀਨੇ ਲਈ ਬੰਦ ਕਰਵਾਉਣ ਅਤੇ ਗੱਠਾਂ ਦੇ ਟਰਾਰਿਆ ਨੂੰ ਕੋਈ ਵੀ ਪ੍ਰੇਸ਼ਾਨੀ ਨਾ ਆਉਣ ਦਿੱਤੀ ਜਾਵੇ ਦਾ ਭਰੋਸਾ ਦਿਵਾਇਆ, ਜਿਸ ਤੋਂ ਬਾਅਦ ਧਰਨਾਕਾਰੀਆਂ ਵਲੋਂ ਧਰਨਾ ਹਟਾਇਆ ਗਿਆ ਅਤੇ ਆਜਾਵਾਈ ਮੁੜ ਬਹਾਲ ਹੋਈ।

## 'ਅਜੀਤ' ਉਪ ਦਫ਼ਤਰਾਂ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰਾਂ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

**ਫ਼ਰੀਦਕੋਟ/ਸ੍ਰੀ ਮੁਕਤਸਰ ਸਾਹਿਬ**

ਸ. ਜਸਵੰਤ ਸਿੰਘ ਪੁਰਬਾ 98145-53988
ਜੁਬਲੀ ਟਾਵਰ, ਪਹਿਲੀ ਮੰਜ਼ਿਲ 01639-254227
ਜੁਬਲੀ ਚੌਕ। 254327

# ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਲੋਕਾਂ ਨੂੰ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀ ਮੁਬਾਰਕਬਾਦ ਦਿੱਤੀ

ਫ਼ਰੀਦਕੋਟ, 19 ਅਕਤੂਬਰ (ਜਸਵੰਤ ਸਿੰਘ ਪੁਰਬਾ)-ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਜ਼ਿਲ੍ਹਾ ਵਾਸੀਆਂ ਨੂੰ ਦੀਵਾਲੀ ਦੇ ਪਵਿੱਤਰ ਤਿਉਹਾਰ ਅਤੇ ਬੰਦੀ ਛੋੜ ਦਿਵਸ ਦੀਆਂ ਦਿਲੋਂ ਮੁਬਾਰਕਬਾਦਾਂ ਦਿੰਦਿਆਂ ਕਿਹਾ ਕਿ ਇਹ ਤਿਉਹਾਰ ਰੌਸ਼ਨੀ, ਖ਼ੁਸ਼ਹਾਲੀ ਅਤੇ ਭਾਈਚਾਰੇ ਦੇ ਸਨੇਹੇ ਦਾ ਪ੍ਰਤੀਕ ਹੈ। ਉਨ੍ਹਾਂ ਸਾਰੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪ੍ਰਦੂਸ਼ਣ ਰਹਿਤ ਗ੍ਰੀਨ ਦੀਵਾਲੀ ਮਨਾਉਣ ਤੇ ਪਲਾਸਟਿਕ, ਪਟਾਕਿਆਂ ਆਦਿ ਦੀ ਵਰਤੋਂ ਤੋਂ ਪ੍ਰਹੇਜ਼ ਕਰਨ। ਉਨ੍ਹਾਂ ਕਿਹਾ ਕਿ ਪਟਾਕਿਆਂ ਨਾਲ ਨਾ ਸਿਰਫ਼ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ ਸਗੋਂ ਬਜ਼ੁਰਗਾਂ, ਬੱਚਿਆਂ ਅਤੇ ਪਸ਼ੂਆਂ ਦੀ ਸਿਹਤ 'ਤੇ ਵੀ ਨਕਾਰਾਤਮਕ ਅਸਰ ਪੈਂਦਾ ਹੈ। ਇਸ ਲਈ ਸਾਨੂੰ ਚਾਹੀਦਾ ਹੈ ਕਿ ਮਿੱਟੀ ਦੇ ਦੀਏ ਜਗਾ ਕੇ, ਸਾਧਾਰਨ ਤਰੀਕੇ ਨਾਲ ਖ਼ੁਸ਼ੀਆਂ ਸਾਂਝੀਆਂ ਕਰਕੇ ਅਤੇ ਲੋੜਵੰਦ ਲੋਕਾਂ ਦੀ ਸਹਾਇਤਾ ਕਰਕੇ ਇਸ ਤਿਉਹਾਰ ਨੂੰ ਖ਼ੁਸ਼ੀ, ਸਨੇਹ ਤੇ ਸਾਂਝ ਦਾ ਪ੍ਰਤੀਕ ਬਣਾਇਆ ਜਾਵੇ।



ਡਿਪਟੀ ਕਮਿਸ਼ਨਰ ਨੇ ਕਿਹਾ ਕਿ ਦੀਵਾਲੀ ਸਾਨੂੰ ਚਾਨਣ ਤੇ ਨੇਕੀ ਦੀ ਜਿੱਤ ਦਾ ਸਬਕ ਦਿੰਦੀ ਹੈ। ਇਸ ਦਿਨ ਸਾਨੂੰ ਇਹ ਵਚਨ ਲੈਣਾ ਚਾਹੀਦਾ ਹੈ ਕਿ ਅਸੀਂ ਸਾਫ਼ ਸੁਥਰਾ ਵਾਤਾਵਰਨ ਬਣਾਈ ਰੱਖਾਂਗੇ ਅਤੇ ਸਮਾਜਿਕ ਭਲਾਈ ਲਈ ਮਿਲ ਕੇ ਕੰਮ ਕਰਾਂਗੇ। ਉਨ੍ਹਾਂ ਸਮੂਹ ਸਰਕਾਰੀ ਅਧਿਕਾਰੀਆਂ, ਕਰਮਚਾਰੀਆਂ ਅਤੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਤਿਉਹਾਰ ਨੂੰ ਆਪਸੀ ਪਿਆਰ, ਭਾਈਚਾਰੇ ਅਤੇ ਸੁਹਾਰਦੇ ਦੀ ਭਾਵਨਾ ਨਾਲ ਮਨਾਉਣ।

# ਟਰੱਕ ਤੇ ਮੋਟਰਸਾਈਕਲ ਦੀ ਟੱਕਰ 'ਚ ਇਕ ਨੌਜਵਾਨ ਗੰਭੀਰ ਜ਼ਖ਼ਮੀ

*ਬਾਜਾਖਾਨਾ, 19 ਅਕਤੂਬਰ (ਜਗਦੀਪ ਸਿੰਘ ਗਿੱਲ)-ਬਾਜਾਖਾਨਾ ਜੈਤੋ ਰੋਡ 'ਤੇ ਇਕ ਟਰੱਕ ਤੇ ਮੋਟਰਸਾਈਕਲ ਸਵਾਰ ਦੀ ਸਿੱਧੀ ਟੱਕਰ ਹੋਣ ਨਾਲ ਇਕ ਨੌਜਵਾਨ ਦੇ ਗੰਭੀਰ ਰੂਪ 'ਚ ਜ਼ਖ਼ਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮਿਲੀ ਜਾਣਕਾਰੀ ਅਨੁਸਾਰ ਚੜ੍ਹਦੀ ਕਲਾ ਵੈਲਫੇਅਰ ਸੇਵਾ ਸੁਸਾਇਟੀ ਗੰਗਸਰ ਰਜਿ: ਜੈਤੋ ਦੇ ਐਮਰਜੈਂਸੀ ਫ਼ੋਨ ਨੰਬਰ 'ਤੇ ਜੈਤੋ ਬਾਜਾਖਾਨਾ ਰੋਡ 'ਤੇ ਇਕ ਮੋਟਰਸਾਈਕਲ ਸਵਾਰ ਨੌਜਵਾਨ ਤੇ ਟਰੱਕ ਚਾਲਕ ਦੀ ਸਿੱਧੀ ਟੱਕਰ ਹੋ ਗਈ ਤੇ ਮੋਟਰਸਾਈਕਲ ਸਵਾਰ ਨੌਜਵਾਨ ਗੰਭੀਰ ਜ਼ਖ਼ਮੀ ਹੋ ਗਿਆ ਦੀ ਸੂਚਨਾ ਮਿਲੀ। ਸੂਚਨਾ ਮਿਲਦਿਆਂ ਹੀ ਸੋਸਾਇਟੀ ਦੇ ਮੀਤ ਸਿੰਘ ਮੀਤਾ, ਗੋਰਾ ਔਲਖ, ਬੱਬੂ ਮਾਲੜਾ ਐਂਬੂਲੈਂਸ ਸਮੇਤ ਘਟਨਾ ਸਥਾਨ 'ਤੇ ਪੁੱਜੇ ਅਤੇ ਗੰਭੀਰ ਜ਼ਖ਼ਮੀ ਨੌਜਵਾਨ ਨੂੰ ਚੁੱਕ ਕੇ ਜੈਤੋ ਦੇ ਸਰਕਾਰੀ ਸਿਵਲ ਹਸਪਤਾਲ ਇਲਾਜ ਲਈ ਲਿਆਂਦਾ। ਜਿੱਥੇ ਡਾਕਟਰ ਨਾ ਹੋਣ ਕਾਰਨ ਸਟਾਫ਼ ਨਰਸ ਰਮਨਦੀਪ ਜੈਤੋ ਨੇ ਮੁੱਢਲੀ ਸਹਾਇਤਾ ਦਿੱਤੀ ਅਤੇ ਫ਼ਰੀਦਕੋਟ ਮੈਡੀਕਲ ਕਾਲਜ ਰੈਫ਼ਰ ਕਰ ਦਿੱਤਾ ਗਿਆ ਪਰ ਵਾਰਿਸਾਂ ਦੀ ਮਰਜ਼ੀ ਅਨੁਸਾਰ ਬਠਿੰਡਾ ਦੇ ਕਿਸੇ ਨਿੱਜੀ ਹਸਪਤਾਲ ਇਲਾਜ ਲਈ ਭਰਤੀ ਕਰਵਾਇਆ ਗਿਆ ਹੈ। ਉਕਤ ਪੀੜ੍ਹਤ ਦੀ ਪਹਿਚਾਣ ਲਵਦੀਪ ਸਿੰਘ ਉਰਫ਼ ਲਵੀ (25 ਸਾਲ) ਸਪੁੱਤਰ ਰਾਜਿੰਦਰ ਸਿੰਘ ਵਾਸੀ ਬਾਜਾਖਾਨਾ ਵਜੋਂ ਹੋਈ। ਉਕਤ ਨੌਜਵਾਨ ਮਾਪਿਆਂ ਦਾ ਇਕਲੌਤਾ ਪੁੱਤਰ ਹੈ ਅਤੇ ਇਕ ਭੈਣ ਦਾ ਭਰਾ ਹੈ ਅਤੇ ਕਿੱਤੇ ਵਜੋਂ ਫ਼ੋਟੋਗ੍ਰਾਫ਼ੀ ਦਾ ਕੰਮ ਕਰਦਾ ਸੀ।*



ਉਪਿੰਦਰ ਸ਼ਰਮਾ ਸਾਬਕਾ ਜੇਲ੍ਹ ਮੰਤਰੀ ਤੇ ਬ੍ਰਾਹਮਣ ਸਭਾ ਦੇ ਅਹੁਦੇਦਾਰ ਤੇ ਮੈਂਬਰ ਹਵਨ ਯੱਗ 'ਚ ਹਿੱਸਾ ਲੈਣ ਸਮੇਂ। ਤਸਵੀਰ : ਸਤੀਸ਼ ਬਾਗ਼ੀ

# ਸਾਬਕਾ ਜੇਲ੍ਹ ਮੰਤਰੀ ਉਪਿੰਦਰ ਸ਼ਰਮਾ ਨੇ ਭਗਵਾਨ ਪਰਸ਼ੂ ਰਾਮ ਮੰਦਿਰ ਲਈ ਇਕ ਲੱਖ ਰੁਪਏ ਦਾਨ ਦਿੱਤੇ

ਫ਼ਰੀਦਕੋਟ, 19 ਅਕਤੂਬਰ (ਸਤੀਸ਼ ਬਾਗ਼ੀ)-ਸਥਾਨਕ ਫ਼ਿਰੋਜ਼ਪੁਰ ਰੋਡ 'ਤੇ ਸਥਿਤ ਭਗਵਾਨ ਪਰਸ਼ੂਰਾਮ ਮੰਦਿਰ ਵਿਖੇ ਧਾਰਮਿਕ ਸਮਗਾਮ ਤੇ ਹਵਨਯੱਗ ਕਰਵਾਇਆ ਗਿਆ। ਇਸ ਮੌਕੇ ਉਪਿੰਦਰ ਸ਼ਰਮਾ ਸਾਬਕਾ ਜੇਲ੍ਹ ਮੰਤਰੀ ਪੰਜਾਬ ਅਤੇ ਉਨ੍ਹਾਂ ਦਾ ਬੇਟੇ ਗੋਰਵ ਸ਼ਰਮਾ ਵਿਸ਼ੇਸ਼ ਤੌਰ 'ਤੇ ਪੁੱਜੇ। ਉਨ੍ਹਾਂ ਨੇ ਬ੍ਰਾਹਮਣ ਸਭਾ ਫ਼ਰੀਦਕੋਟ ਨੂੰ ਭਗਵਾਨ ਪਰਸ਼ੂ ਰਾਮ ਮੰਦਿਰ ਦੇ ਲੰਗਰ ਹਾਲ ਦੇ ਸ਼ੈੱਡ ਲਈ ਇਕ ਲੱਖ ਰੁਪਏ ਦਾਨ ਦਿੱਤੇ। ਇਸ ਮੌਕੇ ਸੁਖਦੇਵ ਸ਼ਰਮਾ ਪ੍ਰਧਾਨ ਬ੍ਰਾਹਮਣ ਸਭਾ ਨੇ ਉਪਿੰਦਰ ਸ਼ਰਮਾ ਦਾ ਇਸ ਸ਼ਲਾਘਾਯੋਗ ਉਪਰਾਲੇ ਲਈ ਧੰਨਵਾਦ ਕੀਤਾ। ਇਸ ਮੌਕੇ ਪੰਡਿਤ ਬਿੰਦਰਪਾਲ, ਹੰਸ ਰਾਜ ਸ਼ਰਮਾ, ਮਦਨ ਲਾਲ ਸ਼ਰਮਾ, ਗੋਬਿੰਦ ਰਾਮ ਸ਼ਰਮਾ, ਰਾਮ ਕਿਸ਼ਨ ਸ਼ਰਮਾ, ਹਰਬੰਸ ਲਾਲ ਸ਼ਰਮਾ, ਨਿਰਮਲਾ ਦੇਵੀ, ਆਦਰਸ਼ ਦੇਵਗਨ, ਪੁਰਸ਼ੋਤਮ ਸ਼ਰਮਾ, ਡਾ. ਬਲਜੀਤ ਸ਼ਰਮਾ, ਪਵਨ ਸ਼ਰਮਾ, ਪੰਡਿਤ ਭਵਾਨੀ ਪ੍ਰਸ਼ਾਦ ਸ਼ਰਮਾ ਅਤੇ ਗਗਨਦੀਪ ਸਿੰਘ ਹਾਜ਼ਰ ਸਨ।




